# ਅਣਅਧਿਕਾਰਤ ਕਲੋਨੀਆਂ ਵਿੱਚ ਬਿਨਾਂ ਐਨ.ਓ.ਸੀ. ਪ੍ਰਾਪਤ ਕੀਤੇ ਪਲਾਟ ਰਜਿਸਟਰ ਕਰਵਾਉਣ ਦਾ ਸੁਨਹਿਰੀ ਮੌਕਾ

ਪੰਜਾਬ ਸਰਕਾਰ ਨੇ ਅਣਅਧਿਕਾਰਤ ਕਲੋਨੀਆਂ ਵਿੱਚ ਪਲਾਟ ਖਰੀਦਣ ਵਾਲੇ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ, ਪੰਜਾਬ ਅਪਾਰਟਮੈਂਟ ਐਂਡ ਪ੍ਰਾਪਰਟੀ ਰੈਗੂਲੇਸ਼ਨ ਐਕਟ 1995 ਵਿੱਚ ਸੋਧ ਕੀਤੀ ਹੈ, ਜਿਸ ਨਾਲ ਉਹਨਾਂ ਨੂੰ ਬਿਨਾਂ ਐਨ.ਓ.ਸੀ. ਲਏ ਆਪਣੇ ਪਲਾਟ ਰਜਿਸਟਰ ਕਰਵਾਉਣ ਦਾ ਮੌਕਾ ਦਿੱਤਾ ਗਿਆ ਹੈ।

## ਕੌਣ ਕਰਵਾ ਸਕਦਾ ਹੈ ਪਲਾਟ ਰਜਿਸਟਰ

ਜੇਕਰ ਕਿਸੇ ਵਿਅਕਤੀ ਨੇ 31 ਜੁਲਾਈ, 2024 ਤੱਕ ਕਿਸੇ ਅਣਅਧਿਕਾਰਤ ਕਲੋਨੀ ਵਿੱਚ 500 ਵ. ਗਜ. ਤੱਕ ਦਾ ਪਲਾਟ ਖਰੀਦਣ ਲਈ ਪਾਵਰ ਆਫ਼ ਅਟਾਰਨੀ, ਸਟੈਂਪ ਪੇਪਰ 'ਤੇ ਇਕਰਾਰਨਾਮਾ ਜਾਂ ਪਹਿਲਾਂ ਹੀ ਸੇਲ ਡੀਡ ਰਜਿਸਟਰ ਕੀਤੀ ਹੋਵੇ, ਤਾਂ ਉਹ ਬਿਨਾਂ ਐਨ.ਓ.ਸੀ. ਲਏ ਆਪਣੇ ਪਲਾਟ ਦੀ ਤਹਿਸੀਲਦਾਰ ਜਾਂ ਨਾਇਬ ਤਹਿਸੀਲਦਾਰ ਕੋਲ ਰਜਿਸਟਰੀ ਕਰਵਾ ਸਕਦਾ ਹੈ।

## ਪਲਾਟ ਰਜਿਸਟਰ ਕਰਵਾਉਣ ਦੀ ਸਮਾਂ-ਸੀਮਾ

**01.12.2024 ਤੋਂ 28.02.2025 ਤੱਕ**

"ਅਣਅਧਿਕਾਰਤ ਕਲੋਨੀਆਂ ਵਿੱਚ ਪੈਂਦੇ ਪਲਾਟਾਂ ਨੂੰ ਬਿਨਾਂ ਐਨ.ਓ.ਸੀ. ਪ੍ਰਾਪਤ ਕੀਤੇ ਰਜਿਸਟਰ ਕਰਨ ਦੇ ਆਮ ਜਨਤਾ ਨਾਲ ਕੀਤੇ ਵਾਅਦੇ ਨੂੰ ਅਸੀਂ ਪੂਰਾ ਕੀਤਾ ਹੈ। ਮੈਂ ਸਾਰੇ ਪ੍ਰਭਾਵਿਤ ਵਿਅਕਤੀਆਂ ਨੂੰ ਅਪੀਲ ਕਰਦਾ ਹਾਂ ਕਿ ਭਵਿੱਖ ਵਿੱਚ ਸਮੱਸਿਆਵਾਂ ਤੋਂ ਬਚਣ ਅਤੇ ਬੁਨਿਆਦੀ ਸਹੂਲਤਾਂ ਪ੍ਰਾਪਤ ਕਰਨ ਲਈ ਉਹ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਇਸ ਮੌਕੇ ਦਾ ਲਾਭ ਉਠਾਉਣ।"

**ਭਗਵੰਤ ਸਿੰਘ ਮਾਨ**
ਮੁੱਖ ਮੰਤਰੀ, ਪੰਜਾਬ



ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ, ਪੰਜਾਬ